# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20**

**ਮਿਤੀ : 23-07-2025**

### ਪਹਿਲਾ ਬੁਲੇਟਿਨ ਦੀਆਂ ਖ਼ਾਸ ਖ਼ਬਰਾਂ

- ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਨਾਅਰੇਬਾਜ਼ੀ ਦੌਰਾਨ ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ।
- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਨੂੰ ਆਪਣੇ ਦੋ ਦਿਨਾਂ ਦੌਰੇ 'ਤੇ ਬਰਤਾਨੀਆ ਪਹੁੰਚ ਰਹੇ ਨੇ- ਆਪਣੇ ਹਮਰੁਤਬਾ ਕੀਰ ਸਟਾਰਮਰ ਨਾਲ ਕਰਨਗੇ ਦੁਵੱਲੀ ਗੱਲਬਾਤ।
- ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਵਸ ਮੌਕੇ ਬਟਾਲਾ ਵਿਖੇ, ਸੂਬਾ ਪੱਧਰੀ ਸਮਾਗਮ ਦਾ ਆਯੋਜਨ ।

- ਧਰਤੀ ਹੇਠਲੇ ਪਾਣੀ ਨੂੰ ਬਚਾਉਣ ਸਬੰਧੀ ਸੂਬਾ ਸਰਕਾਰ ਦੇ ਉਪਰਾਲਿਆਂ ਸਦਕਾ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਵਿੱਚ 11.86 ਫ਼ੀਸਦੀ ਵਾਧਾ ਹੋਇਐ।
- ਭਾਰਤ ਦੇ ਵਿਕਾਸ, ਵਿਦਿਅਕ ਪਹੁੰਚ ਅਤੇ ਸੱਭਿਆਚਾਰਕ ਸੰਭਾਲ ਵਿੱਚ, ਪ੍ਰਸਾਰਣ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ ਕਰਨ ਲਈ, ਅੱਜ ਰਾਸ਼ਟਰੀ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ।

----------------------------------------

**<u>ਹੁਣ ਖਬਰਾਂ ਵਿਸਥਾਰ ਨਾਲ.....</u>**

ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਨਾਅਰੇਬਾਜ਼ੀ ਦੌਰਾਨ ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ। ਜਦੋਂ ਲੋਕ ਸਭਾ ਦੀ ਕਾਰਵਾਈ ਸਵੇਰੇ 11 ਵਜੇ ਮੁੜ ਸ਼ੁਰੂ ਹੋਈ ਤਾਂ ਲੋਕ ਸਭਾ ਸਪੀਕਰ ਓਮ ਬਿਰਲਾ ਨੇ ਪ੍ਰਸ਼ਨ ਕਾਲ ਸ਼ੁਰੂ ਕੀਤਾ ਪਰ ਵਿਰੋਧੀ ਧਿਰ ਦੇ ਮੈਂਬਰਾਂ ਨੇ ਬਿਹਾਰ ਵਿੱਚ ਵਿਸ਼ੇਸ਼ ਡੂੰਘਾਈ ਨਾਲ ਸਮੀਖਿਆ ਅਤੇ ਹੋਰ ਮੁੱਦਿਆਂ 'ਤੇ ਚਰਚਾ ਦੀ

ਮੰਗ ਕਰਦੇ ਹੋਏ ਨਾਅਰੇਬਾਜ਼ੀ ਸ਼ੁਰੂ ਕਰ ਦਿੱਤੀ। ਸ਼੍ਰੀ ਬਿਰਲਾ ਨੇ ਵਿਰੋਧੀ ਧਿਰ ਨੂੰ ਪ੍ਰਸ਼ਨ ਕਾਲ ਜਾਰੀ ਰੱਖਣ ਦੀ ਅਪੀਲ ਕੀਤੀ ਅਤੇ ਕਿਹਾ ਕਿ ਦੇਸ਼ ਦੇ ਲੋਕ ਉਨ੍ਹਾਂ ਦੇ ਆਚਰਣ ਨੂੰ ਦੇਖ ਰਹੇ ਹਨ। ਉਨ੍ਹਾਂ ਸਦਨ ਵਿੱਚ ਵਿਘਨ ਪਾਉਣ ਅਤੇ ਤਖ਼ਤੀਆਂ ਦਿਖਾਉਣ 'ਤੇ ਚਿੰਤਾ ਪ੍ਰਗਟ ਕੀਤੀ। ਹੰਗਾਮੇ ਦੇ ਵਿਚਕਾਰ, ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਬਿਹਾਰ ਵਿੱਚ ਰੇਲਵੇ ਪ੍ਰੋਜੈਕਟਾਂ ਨਾਲ ਸਬੰਧਤ ਇੱਕ ਸਵਾਲ ਦਾ ਜਵਾਬ ਦਿੱਤਾ। ਸ਼੍ਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਕਿ ਪਿਛਲੇ 11 ਸਾਲਾਂ ਵਿੱਚ ਬਿਹਾਰ ਨੂੰ ਰੇਲਵੇ ਪ੍ਰੋਜੈਕਟਾਂ ਲਈ ਬਜਟ ਅਲਾਟਮੈਂਟ 9 ਵਾਰ ਵਧਾਇਆ ਗਿਆ ਹੈ। ਯੁਵਾ ਮਾਮਲਿਆਂ ਅਤੇ ਖੇਡ ਮੰਤਰੀ ਮਨਸੁਖ ਮਾਂਡਵੀਆ ਨੇ ਰਾਸ਼ਟਰੀ ਖੇਡ ਪ੍ਰਸ਼ਾਸਨ ਬਿੱਲ, 2025 ਅਤੇ ਰਾਸ਼ਟਰੀ ਡੋਪਿੰਗ ਵਿਰੋਧੀ (ਸੋਧ) ਬਿੱਲ, 2025 ਪੇਸ਼ ਕੀਤੇ। ਸ਼੍ਰੀ ਮਾਂਡਵੀਆ ਨੇ ਕਿਹਾ ਕਿ ਬਿੱਲ ਦਾ ਉਦੇਸ਼ ਖੇਡਾਂ ਨਾਲ ਸਬੰਧਤ ਸ਼ਿਕਾਇਤਾਂ ਨੂੰ ਦੂਰ ਕਰਨਾ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਨੂੰ ਆਪਣੇ ਦੋ ਦਿਨਾਂ ਦੌਰੇ

ਲਈ ਬਰਤਾਨੀਆ ਪਹੁੰਚ ਰਹੇ ਨੇ। ਉਹ ਆਪਣੇ ਹਮਰੁਤਬਾ ਕੀਰ ਸਟਾਰਮਰ ਨਾਲ ਦੁਵੱਲੀ ਮੀਟਿੰਗ ਕਰਨਗੇ। ਅਧਿਕਾਰਤ ਸੂਤਰਾਂ ਦੇ ਹਵਾਲੇ ਨਾਲ, ਪ੍ਰਧਾਨ ਮੰਤਰੀ ਦੀ ਲੰਡਨ ਫੇਰੀ ਨੂੰ ਕਵਰ ਕਰਨ ਵਾਲੇ ਸਾਡੇ ਪੱਤਰਕਾਰ ਨੇ ਕਿਹਾ ਕਿ ਮੁਕਤ ਵਪਾਰ ਸਮਝੌਤੇ 'ਤੇ ਦਸਤਖਤ ਕੱਲ੍ਹ ਹੋਣਗੇ।

**ਇਕ ਰਿਪੋਰਟ**

-------------------------------------------------

ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ 89ਵੇਂ ਜਨਮ ਦਿਵਸ ਨੂੰ ਸਮਰਪਿਤ ‘ਸੂਬਾ ਪੱਧਰੀ ਸਮਾਗਮ’ ਬਟਾਲਾ ਸਥਿਤ ਸ਼ਿਵ ਕੁਮਾਰ ਬਟਾਲਵੀ ਸੱਭਿਆਚਾਰਕ ਕੇਂਦਰ ਵਿਖੇ ਪੂਰੇ ਉਤਸ਼ਾਹ ਨਾਲ ਮਨਾਇਆ ਗਿਆ ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਮੁੱਖ ਮਹਿਮਾਨ ਵਜੋਂ ਸ਼ਿਰਕਤ ਕਰਦਿਆਂ ਕਿਹਾ ਕਿ ਸ਼ਿਵ ਕੁਮਾਰ ਬਟਾਲਵੀ ਨੇ ਅਜਿਹੀਆਂ ਖੂਬਸੂਰਤ ਰਚਨਾਵਾਂ ਲਿਖੀਆਂ, ਜੋ ਰਹਿੰਦੀ ਦੁਨੀਆਂ ਤੱਕ ਉਨ੍ਹਾਂ ਨੂੰ ਲੋਕ ਮਨਾਂ ਵਿੱਚ ਜਿਉਂਦਿਆਂ ਰੱਖਣਗੀਆਂ। ਉਨ੍ਹਾਂ ਕਿਹਾ ਕਿ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਵਸ ਨੂੰ ਸਮਰਪਿਤ ਵਾਤਾਵਰਨ

ਦੀ ਸੁਰੱਖਿਆ ਅਤੇ ਰੁੱਖਾਂ ਦੀ ਮਹੱਤਤਾ ਸਬੰਧੀ ਇੱਕ ਮਹੀਨਾ ਚੱਲਣ ਵਾਲੇ ਭਾਸ਼ਣ ਅਤੇ ਕਵਿਤਾ ਮੁਕਾਬਲੇ ਦੀ ਸ਼ੁਰੂਆਤ ਅੱਜ ਕੀਤੀ ਗਈ ਏ , ਜਿਸ ਵਿੱਚ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਨੇ ਪੂਰੇ ਉਤਸ਼ਾਹ ਨਾਲ ਹਿੱਸਾ ਲਿਆ ਏ ਜੋ ਵਧਾਈ ਦੇ ਪਾਤਰ ਨੇ । ਉਨਾਂ ਦੱਸਿਆ ਕਿ ਇਹ ਮੁਕਾਬਲੇ ਚਾਰ ਸ਼੍ਰੇਣੀਆਂ ਜਿਨਾਂ ਵਿੱਚ ਪ੍ਰਾਇਮਰੀ, ਸੈਕੰਡਰੀ, ਸੀਨੀਅਰ ਸੈਕੰਡਰੀ ਅਤੇ ਕਾਲਜ ਪੱਧਰ ਉੱਤੇ ਕਰਵਾਏ ਜਾਣਗੇ। ਇਹਨਾਂ ਮੁਕਾਬਲਿਆਂ ਦੇ ਪਹਿਲੇ ਗੇੜ ਦੇ ਜੇਤੂ ਅੱਗੇ ਰਾਜ ਪੱਧਰ ’ਤੇ ਆਪਣੇ ਹੁਨਰ ਦਾ ਪ੍ਰਦਰਸ਼ਨ ਕਰਨਗੇ। ਪਹਿਲੇ ਤਿੰਨ ਸਥਾਨ ਪ੍ਰਾਪਤ ਕਰਨ ਵਾਲੇ ਉਮੀਦਵਾਰਾਂ ਨੂੰ 51,000 ਰੁਪਏ, 31,000 ਰੁਪਏ ਅਤੇ 21,000 ਰੁਪਏ ਦੀ ਇਨਾਮ ਰਾਸ਼ੀ ਨਾਲ ਸਨਮਾਨਿਤ ਕੀਤਾ ਜਾਵੇਗਾ। ਕੈਬਨਿਟ ਮੰਤਰੀ ਨੇ ਸ਼ਿਵ ਕੁਮਾਰ ਬਟਾਲਵੀ ਆਡੋਟੋਰੀਅਮ ਦੇ ਵਿਕਾਸ ਲਈ 10 ਲੱਖ ਰੁਪਏ ਦੇਣ ਦਾ ਐਲਾਨ ਕੀਤਾ। ਉਨ੍ਹਾਂ ਕਿਹਾ ਕਿ ਕਿਹਾ ਕਿ ਸ੍ਰੀ ਗੁਰੂ ਤੇਗ ਬਹਾਦਰ ਜੀ ਦੀ 350ਵੇਂ ਸ਼ਹੀਦੀ ਦਿਵਸ ਨੂੰ ਸਮਰਪਿਤ ਪੰਜਾਬ ਦੇ ਹਰ ਜ਼ਿਲ੍ਹੇ ਅੰਦਰ ਸਾਢੇ 3 ਲੱਖ ਬੂਟੇ ਲਗਾਏ ਜਾਣਗੇ ਤਾਂ ਜੋ ਹਰ ਸੂਬੇ ਅੰਦਰ ਵਾਤਾਵਰਣ ਨੂੰ ਹਰਿਆ ਭਰਿਆ ਤੇ ਖੁਸ਼ਹਾਲ ਕੀਤਾ

ਜਾ ਸਕੇ। ਇਸ ਮੌਕੇ ਜ਼ਿਲਾ ਪ੍ਰਸ਼ਾਸ਼ਨ ਦੇ ਅਧਿਕਾਰੀਆਂ ਸਮੇਤ ਵੱਡੀ ਗਿਣਤੀ ਵਿੱਚ ਲੋਕ ਮੋਜੂਦ ਸਨ।

**BYTE**

-------------------------------------------------------

ਪੰਜਾਬ ਵਿੱਚ ਟਿਕਾਊ ਖੇਤੀਬਾੜੀ ਅਭਿਆਸਾਂ ਰਾਹੀਂ ਧਰਤੀ ਹੇਠਲੇ ਪਾਣੀ ਨੂੰ ਬਚਾਉਣ ਸਬੰਧੀ ਸੂਬਾ ਸਰਕਾਰ ਦੇ ਯਤਨਾਂ ਸਦਕਾ ਪਿਛਲੇ ਸਾਲ ਦੇ ਮੁਕਾਬਲੇ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਵਿੱਚ ਇਸ ਸਾਲ 11.86 ਫ਼ੀਸਦੀ ਵਾਧਾ ਹੋਇਆ ਏ । ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਦੱਸਿਆ ਕਿ ਇਸ ਸਾਲ ਹੁਣ ਤੱਕ 2 ਲੱਖ 83 ਹਜ਼ਾਰ ਏਕੜ ਤੋਂ ਵੱਧ ਰਕਬੇ ਉਤੇ ਝੋਨੇ ਦੀ ਸਿੱਧੀ ਬਿਜਾਈ ਹੋਈ ਏ, ਜਦੋਂਕਿ ਪਿਛਲੇ ਸਾਲ ਡੀ.ਐੱਸ.ਆਰ. ਅਧੀਨ ਕੁੱਲ ਰਕਬਾ 2 ਲੱਖ 53 ਹਜ਼ਾਰ ਏਕੜ ਸੀ। ਉਨ੍ਹਾਂ ਆਸ ਪ੍ਰਗਟਾਈ ਕਿ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਵਿੱਚ ਹੋਰ ਵਾਧਾ ਹੋਵੇਗਾ ਕਿਉਂਕਿ ਝੋਨੇ ਦੀ ਬਿਜਾਈ ਅਜੇ ਵੀ ਜਾਰੀ ਏ । ਉਨ੍ਹਾਂ ਦੱਸਿਆ ਕਿ ਸਾਉਣੀ ਸੀਜ਼ਨ 2024 ਦੌਰਾਨ ਡੀ.ਐੱਸ.ਆਰ. ਤਕਨੀਕ ਅਪਣਾਉਣ

ਵਾਲੇ 24 ਹਜ਼ਾਰ 32 ਕਿਸਾਨਾਂ ਦੇ ਬੈਂਕ ਖਾਤਿਆਂ ਵਿੱਚ ਵਿੱਤੀ ਸਹਾਇਤਾ ਟ੍ਰਾਂਸਫਰ ਕੀਤੀ ਜਾ ਚੁੱਕੀ ਏ । ਗੁਰਮੀਤ ਸਿੰਘ ਖੁੱਡੀਆਂ ਨੇ ਧਰਤੀ ਹੇਠਲਾ ਪਾਣੀ ਬਚਾਉਣ ਵਾਲੇ ਅਤੇ ਟਿਕਾਊ ਖੇਤੀਬਾੜੀ ਅਭਿਆਸਾਂ ਨੂੰ ਅਪਣਾਉਣ ਲਈ ਕਿਸਾਨਾਂ ਨੂੰ ਉਤਸ਼ਾਹਿਤ ਕਰਨ ਪ੍ਰਤੀ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਇਆ। ਉਨ੍ਹਾਂ ਨੇ ਖੇਤੀਬਾੜੀ ਵਿਭਾਗ ਦੇ ਅਧਿਕਾਰੀਆਂ ਨੂੰ ਡੀ.ਐੱਸ.ਆਰ. ਤਕਨੀਕ ਨੂੰ ਉਤਸ਼ਾਹਿਤ ਕਰਨ ਅਤੇ ਇਸ ਅਧੀਨ ਰਕਬਾ ਵਧਾਉਣ ਲਈ ਵਧਾਈ ਵੀ ਦਿੱਤੀ। ਵਿਭਾਗ ਦੇ ਪ੍ਰਬੰਧਕੀ ਸਕੱਤਰ ਡਾ. ਬਸੰਤ ਗਰਗ ਨੇ ਦੱਸਿਆ ਕਿ ਖੇਤੀਬਾੜੀ ਵਿਭਾਗ ਨੇ ਝੋਨੇ ਦੀ ਸਿੱਧੀ ਬਿਜਾਈ ਨੂੰ ਉਤਸ਼ਾਹਿਤ ਕਰਨ ਲਈ ਕਿਸਾਨ ਸਿਖਲਾਈ ਕੈਂਪ ਲਗਾਏ ਤਾਂ ਜੋ ਕਿਸਾਨਾਂ ਨੂੰ ਵਿਹਾਰਕ ਜਾਣਕਾਰੀ ਪ੍ਰਦਾਨ ਕੀਤੀ ਜਾ ਸਕੇ।

--------------------------------------------------

ਅੱਜ ਰਾਸ਼ਟਰੀ ਪ੍ਰਸਾਰਣ ਦਿਵਸ ਏ । 1927 ਵਿੱਚ ਇਸ ਦਿਨ, ਦੇਸ਼ ਵਿੱਚ ਪਹਿਲਾ ਰੇਡੀਓ ਪ੍ਰਸਾਰਣ ਇੰਡਿਅਨ ਬਰਾਡਕਾਸਟਿੰਗ ਕੰਪਨੀ ਦੇ ਬਾਮਬੇ ਸਟੇਸ਼ਨ ਤੋਂ ਸ਼ੁਰੂ ਹੋਇਆ ਸੀ। 8 ਜੂਨ, 1936 ਨੂੰ, ਭਾਰਤੀ

ਰਾਜ ਪ੍ਰਸਾਰਣ ਸੇਵਾ ਦਾ ਨਾਮ ਬਦਲ ਕੇ ਆਲ ਇੰਡੀਆ ਰੇਡੀਓ ਰੱਖਿਆ ਗਿਆ ਸੀ। ਇਹ ਦਿਨ ਭਾਰਤ ਦੇ ਵਿਕਾਸ, ਵਿਦਿਅਕ ਪ੍ਰਸਾਰਣ ਅਤੇ ਸੱਭਿਆਚਾਰਕ ਸੰਭਾਲ ਵਿੱਚ ਪ੍ਰਸਾਰਣ ਦੀ ਮਹੱਤਵਪੂਰਨ ਭੂਮਿਕਾ ਨੂੰ ਦਰਸਾਉਂਦਾ ਏ । ਰੇਡੀਓ ਪ੍ਰਸਾਰਣ ਨੇ ਭਾਰਤ ਦੇ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ ਏ । ਆਜ਼ਾਦੀ ਸੰਗਰਾਮ ਦੌਰਾਨ, ਰੇਡੀਓ ਜਾਣਕਾਰੀ ਦੇ ਪ੍ਰਸਾਰਣ ਅਤੇ ਏਕਤਾ ਨੂੰ ਉਤਸ਼ਾਹਿਤ ਕਰਨ ਦਾ ਇੱਕ ਸ਼ਕਤੀਸ਼ਾਲੀ ਸਾਧਨ ਸੀ। ਆਜ਼ਾਦੀ ਤੋਂ ਬਾਅਦ, ਖਾਸ ਕਰਕੇ ਪੇਂਡੂ ਖੇਤਰਾਂ ਵਿੱਚ, ਸਾਖਰਤਾ, ਸਿਹਤ ਜਾਗਰੂਕਤਾ ਅਤੇ ਖੇਤੀਬਾੜੀ ਗਿਆਨ ਨੂੰ ਉਤਸ਼ਾਹਿਤ ਕਰਨ ਵਿੱਚ ਰੇਡੀਓ ਪ੍ਰਸਾਰਣ ਮਦਦਗਾਰ ਰਿਹਾ ਹੈ। 1956 ਵਿੱਚ ਰਾਸ਼ਟਰੀ ਪ੍ਰਸਾਰਕ ਲਈ ਆਕਾਸ਼ਵਾਣੀ ਨਾਮ ਅਪਣਾਇਆ ਗਿਆ ਸੀ । ਉਸੇ ਸਮੇਂ, 1957 ਵਿੱਚ ਪ੍ਰਸਿੱਧ ਫਿਲਮ ਸੰਗੀਤ ਨਾਲ ਵਿਵਿਧ ਭਾਰਤੀ ਸੇਵਾ ਸ਼ੁਰੂ ਕੀਤੀ ਗਈ ਸੀ। 1927 ਤੋਂ, ਰੇਡੀਓ ਦੇਸ਼ ਦੇ ਲੋਕਾਂ ਦੇ ਜੀਵਨ ਦਾ ਇੱਕ ਮਹੱਤਵਪੂਰਨ ਹਿੱਸਾ ਰਿਹਾ ਏ । ਆਕਾਸ਼ਵਾਣੀ ਆਪਣੇ ਆਦਰਸ਼ - ਬਹੁਜਨ ਹਿੱਤਾ, ਬਹੁਜਨ ਸੁਖਾਏ 'ਤੇ ਖਰਾ ਉਤਰਦੇ

ਹੋਏ, ਜਨਤਾ ਨੂੰ ਸੂਚਿਤ ਕਰਨ, ਸਿੱਖਿਅਤ ਕਰਨ ਅਤੇ ਮਨੋਰੰਜਨ ਕਰਨ ਲਈ ਸੱਚਮੁੱਚ ਵਚਨਬੱਧ ਏ।

-----------------------------------------------------------

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਮੁਕੇਰੀਆਂ ਦੇ ਪਿੰਡ ਹਿਯਾਤਪੁਰ ਵਿਚ 62 ਲੱਖ 45 ਹਜ਼ਾਰ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਜਲ ਸਪਲਾਈ ਯੋਜਨਾ ਦਾ ਨੀਂਹ ਪੱਥਰ ਰੱਖਿਆ ਅਤੇ ਹਾਜੀਪੁਰ ਵਿਚ 54 ਲੱਖ 50 ਹਜ਼ਾਰ ਰੁਪਏ ਦੀ ਲਾਗਤ ਨਾਲ ਬਣੀ ਜਲ ਸਪਲਾਈ ਯੋਜਨਾ ਦਾ ਉਦਘਾਟਨ ਕੀਤਾ। ਇਸਦਾ ਉਦੇਸ਼ ਪੇਂਡੂ ਖੇਤਰਾਂ ਵਿਚ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਨੂੰ ਯਕੀਨੀ ਬਣਾਉਣਾ ਏ। ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਦੀ ਤਰਜੀਹ ਹਰੇਕ ਪਿੰਡ ਨੂੰ ਸਾਫ਼ ਪੀਣ ਵਾਲੇ ਪਾਣੀ ਦੀ ਸਹੂਲਤ ਪ੍ਰਦਾਨ ਕਰਨਾ ਏ। ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਜੈਕਟਾਂ ਦੇ ਮੁਕੰਮਲ ਹੋਣ ਨਾਲ ਪਿੰਡ ਵਾਸੀਆਂ ਨੂੰ ਵੱਡੀ ਰਾਹਤ ਮਿਲੇਗੀ ਅਤੇ ਬਿਮਾਰੀਆਂ ਵੀ ਘੱਟ ਹੋਣਗੀਆਂ।

---------------------------------------------------

ਪੰਜਾਬ ਦੇ ਵਿੱਤ ਮੰਤਰੀ  ਹਰਪਾਲ ਸਿੰਘ ਚੀਮਾ ਨੇ ਕਿਹਾ ਕਿਪੰਜਾਬ ਸਰਕਾਰ ਨੇ ਆਪਣੇ ਤਿੰਨ ਸਾਲਾਂ ਦੇ ਕਾਰਜਕਾਲ ਦੌਰਾਨ ਸੂਬੇ ਦੀ ਡਿੱਗਦੀ ਆਰਥਿਕਤਾ ਨੂੰ ਸਫਲਤਾਪੂਰਵਕ ਸਥਿਰ ਕੀਤਾ ਏ । ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਜੀ ਡੀ ਪੀ ਅਤੇ ਹੋਰ ਮੁੱਖ ਆਰਥਿਕ ਸੂਚਕ ਅੰਕਾਂ ਵਿੱਚ ਪੰਜਾਬ ਦੇ ਪ੍ਰਦਰਸ਼ਨ ਨੂੰ ਹੋਰ ਅੱਗੇ ਵਧਾਉਣ ਲਈ ਨਿਰੰਤਰ ਯਤਨ ਜਾਰੀ ਨੇ ।  ਅੱਜ ਡੇਰਾਬਸੀ ਸਥਿਤ ਐਲ ਐਮ ਥਾਪਰ ਸਕੂਲ ਆਫ਼ ਮੈਨੇਜਮੈਂਟ ਦੇ 19ਵੇਂ ਸਥਾਪਨਾ ਦਿਵਸ  ਮੌਕੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਨੇ ਕਿਹਾ ਕਿ  ਮੈਨੇਜਮੈਂਟ ਗ੍ਰੈਜੂਏਟ ਸੂਬੇ ਅਤੇ ਦੇਸ਼ ਲਈ ਅਰਥਪੂਰਨ ਯੋਗਦਾਨ ਪਾਉਣ ਦੀ ਮੁੱਖ ਜ਼ਿੰਮੇਵਾਰੀ ਰੱਖਦੇ ਨੇ , ਕਿਉਂਕਿ ਉਹ ਆਪਣੇ ਨਾਲ ਨਵੇਂ ਵਿਚਾਰ ਅਤੇ ਗਤੀਸ਼ੀਲ ਊਰਜਾ ਲਿਆਉਂਦੇ ਹਨ। ਨਵੀਂ ਸਥਾਪਿਤ ਕੋਜੈਨਿਕ ਵਿੱਤ ਲੈਬ ਦਾ ਉਦਘਾਟਨ ਕਰਦੇ ਹੋਏ, ਵਿੱਤ ਮੰਤਰੀ ਨੇ ਕਿਹਾ ਕਿ ਇਹ ਸਹੂਲਤ ਵਿੱਤੀ ਅਤੇ ਆਰਥਿਕ ਸੂਝ-ਬੂਝ ਲਈ ਇੱਕ ਕੀਮਤੀ ਸਰੋਤ ਕੇਂਦਰ ਵਜੋਂ ਕੰਮ ਕਰੇਗੀ, ਜਿਸ ਨਾਲ ਵਿਦਿਆਰਥੀਆਂ ਨੂੰ ਬਹੁਤ ਲਾਭ ਹੋਵੇਗਾ।

ਵਿਰੋਧੀ ਧਿਰ ਦੇ ਮੈਂਬਰਾਂ ਵੱਲੋਂ ਵੱਖ-ਵੱਖ ਮੁੱਦਿਆਂ 'ਤੇ ਨਾਅਰੇਬਾਜ਼ੀ ਦੌਰਾਨ ਲੋਕ ਸਭਾ ਅਤੇ ਰਾਜ ਸਭਾ ਦੀ ਕਾਰਵਾਈ ਕੱਲ੍ਹ ਤੱਕ ਲਈ ਮੁਲਤਵੀ ਕਰ ਦਿੱਤੀ ਗਈ।

---------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਨੂੰ ਆਪਣੇ ਦੋ ਦਿਨਾਂ ਦੌਰੇ 'ਤੇ ਬਰਤਾਨੀਆ ਪਹੁੰਚ ਰਹੇ ਨੇ- ਆਪਣੇ ਹਮਰੁਤਬਾ ਕੀਰ ਸਟਾਰਮਰ ਨਾਲ ਕਰਨਗੇ ਦੁਵੱਲੀ ਗੱਲਬਾਤ।
- ਪੰਜਾਬ ਦੇ ਸਿਰਮੌਰ ਕਵੀ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਵਸ ਮੌਕੇ ਬਟਾਲਾ ਵਿਖੇ, ਸੂਬਾ ਪੱਧਰੀ ਸਮਾਗਮ ਦਾ ਆਯੋਜਨ ।
- ਧਰਤੀ ਹੇਠਲੇ ਪਾਣੀ ਨੂੰ ਬਚਾਉਣ ਸਬੰਧੀ ਸੂਬਾ ਸਰਕਾਰ ਦੇ ਉਪਰਾਲਿਆਂ ਸਦਕਾ ਝੋਨੇ ਦੀ ਸਿੱਧੀ ਬਿਜਾਈ ਅਧੀਨ ਰਕਬੇ ਵਿੱਚ 11.86 ਫ਼ੀਸਦੀ ਵਾਧਾ ਹੋਇਐ।
- ਭਾਰਤ ਦੇ ਵਿਕਾਸ, ਵਿਦਿਅਕ ਪਹੁੰਚ ਅਤੇ ਸੱਭਿਆਚਾਰਕ ਸੰਭਾਲ ਵਿੱਚ, ਪ੍ਰਸਾਰਣ ਦੀ ਮਹੱਤਵਪੂਰਨ ਭੂਮਿਕਾ ਨੂੰ ਉਜਾਗਰ

ਕਰਨ ਲਈ, ਅੱਜ ਰਾਸ਼ਟਰੀ ਪ੍ਰਸਾਰਣ ਦਿਵਸ ਮਨਾਇਆ ਜਾ ਰਿਹਾ ਏ ।

**ਇਸਦੇ ਨਾਲ ਪ੍ਰਦੇਸ਼ਕ ਖ਼ਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ,**

**ਰਾਸ਼ਟਰੀ ਖ਼ਬਰਾਂ ਦਾ ਅਗਲਾ ਬੁਲੇਟਿਨ ਤੁਸੀਂ**

**ਵੱਜਕੇ 30 ਮਿੰਟ 'ਤੇ ਨਮਸਕਾਰ !**